ਸਾਰਗ ਮਹਲਾ ੫ ॥ ਅਬ ਮੋਹਿ ਰਾਮ ਭਰੋਸਉ ਪਾਏ ॥ ਜੋ ਜੋ ਸਰਣਿ ਪਰਿਓ ਕਰੁਣਾਨਿਧਿ ਤੇ ਤੇ ਭਵਹਿ ਤਰਾਏ ॥੧॥ ਰਹਾਉ ॥ ਸੁਖਿ ਸੋਇਓ ਅਰੁ ਸਹਜਿ ਸਮਾਇਓ ਸਹਸਾ ਗੁਰਹਿ ਗਵਾਏ ॥ ਜੋ ਚਾਹਤ ਸੋਈ ਹਰਿ ਕੀਓ ਮਨ ਬਾਂਛਤ ਫਲ ਪਾਏ ॥੧॥ ਹਿਰਦੈ ਜਪਉ ਨੇਤ੍ਰ ਧਿਆਨੁ ਲਾਵਉ ਸ੍ਰਵਨੀ ਕਥਾ ਸੁਨਾਏ ॥ ਚਰਣੀ ਚਲਉ ਮਾਰਗਿ ਠਾਕੁਰ ਕੈ ਰਸਨਾ ਹਰਿ ਗੁਣ ਗਾਏ ॥ ੨॥ ਦੇਖਿਓ ਦ੍ਰਿਸਟਿ ਸਰਬ ਮੰਗਲ ਰੂਪ ਉਲਟੀ ਸੰਤ ਕਰਾਏ ॥ ਪਾਇਓ ਲਾਲੁ ਅਮੋਲੁ ਨਾਮੁ ਹਰਿ ਛੋਡਿ ਨ ਕਤਹੂ ਜਾਏ ॥੩॥ ਕਵਨ ਉਪਮਾ ਕਉਨ ਬਡਾਈ ਕਿਆ ਗੁਨ ਕਹਉ ਰੀਝਾਏ ॥ ਹੋਤ ਕ੍ਰਿਪਾਲ ਦੀਨ ਦਇਆ ਪ੍ਰਭ ਜਨ ਨਾਨਕ ਦਾਸ ਦਸਾਏ ॥੪॥੮॥ {ਪੰਨਾ 1204-1205}

ਪਦਅਰਥ:- ਅਬ—ਹੁਣ, ਪਰਮਾਤਮਾ ਦੀ ਸਰਨ ਪੈ ਕੇ। ਭਰੋਸਉ—ਭਰੋਸਾ, ਯਕੀਨ, ਨਿਸ਼ਚਾ। ਮੋਹਿ—ਮੈਂ। ਕਰੁਣਾ—ਤਰਸ। ਨਿਧਿ—ਖ਼ਜ਼ਾਨਾ, ਸੋਮਾ। ਕਰੁਣਾ ਨਿਧਿ ਸਰਣਿ—ਤਰਸ ਦੇ ਸਮੁੰਦਰ ਪ੍ਰਭੂ ਦੀ ਸਰਨ। ਤੇ—ਉਹ ਮਨੁੱਖ {ਬਹੁ-ਵਚਨ}। ਭਵਹਿ—ਭਵ, ਭਵ-ਸਾਗਰ, ਸੰਸਾਰ-ਸਮੁੰਦਰ। ਤਰਾਏ—ਪਾਰ ਲੰਘਾ ਦਿੱਤੇ।1। ਰਹਾਉ।

ਸੁਖਿ—ਸੁਖ ਵਿਚ, ਆਤਮਕ ਆਨੰਦ ਵਿਚ। ਸੋਇਓ—ਲੀਨ ਹੋ ਗਿਆ। ਅਰੁ—ਅਤੇ—{ਅਰਿ—ਵੈਰੀ}। ਸਹਜਿ—ਆਤਮਕ ਅਡੋਲਤਾ ਵਿਚ। ਸਹਸਾ—ਸਹਮ, ਚਿੰਤਾ—ਫ਼ਿਕਰ। ਗੁਰਹਿ—ਗੁਰੂ ਨੇ। ਮਨ-ਬਾਂਛਤ—ਮਨ-ਮੰਗੇ।1।

ਹਿਰਦੈ—ਹਿਰਦੇ ਵਿਚ। ਜਪਉ—ਜਪਉਂ, ਮੈਂ ਜਪਦਾ ਹਾਂ। ਨੇਤ੍ਰ—ਅੱਖਾਂ ਵਿਚ। ਧਿਆਨੁ—ਸੁਰਤਿ। ਲਾਵਉ—ਲਾਵਉਂ, ਮੈਂ ਲਾਂਦਾ ਹਾਂ। ਸ੍ਰਵਨੀ—ਕੰਨਾਂ ਨਾਲ। ਸੁਨਾਏ—ਸੁਣਦਾ ਹਾਂ। ਚਲਉ—ਚਲਉਂ, ਮੈਂ ਤੁਰਦਾ ਹਾਂ। ਮਾਰਗਿ ਠਾਕੁਰ ਕੈ—ਠਾਕੁਰ ਦੇ ਰਸਤੇ ਤੇ। ਰਸਨਾ—ਜੀਭ। ਗਾਏ—ਗਾਂਦਾ ਹੈ।2।

ਦੇਖਓ ਦ੍ਰਿਸਟਿ—ਨਿਗਾਹ ਨਾਲ ਵੇਖ ਲਿਆ ਹੈ। ਸਰਬ ਮੰਗਲ ਰੂਪ—ਸਾਰੀਆਂ ਖ਼ੁਸ਼ੀਆਂ ਦਾ ਸਰੂਪ ਪ੍ਰਭੂ। ਉਲਟੀ ਕਰਾਏ—(ਮੇਰੀ ਬ੍ਰਿਤੀ ਮਾਇਆ ਵਲੋਂ) ਉਲਟਾ ਦਿੱਤੀ ਹੈ। ਅਮੋਲੁ—ਜਿਸ ਦਾ ਮੁੱਲ ਨਹੀਂ ਪਾਇਆ ਜਾ ਸਕਦਾ। ਛੋਡਿ—ਛੱਡ ਕੇ। ਕਤਹੂ—ਕਿਸੇ ਹੋਰ ਥਾਂ।3।

ਉਪਮਾ—ਸੋਭਾ। ਕਹਉ—ਕਹਉਂ, ਮੈਂ ਆਖਾਂ। ਰੀਝਾਏ—ਪ੍ਰਸੰਨ ਕਰਨ ਲਈ। ਨਾਨਕ—ਹੇ ਨਾਨਕ!।4।

ਅਰਥ:- ਹੇ ਭਾਈ! (ਪਰਮਾਤਮਾ ਦੀ ਸਰਨ ਪੈ ਕੇ) ਹੁਣ ਮੈਂ ਪਰਮਾਤਮਾ ਦੀ ਬਾਬਤ ਇਹ ਨਿਸ਼ਚਾ ਬਣਾ ਲਿਆ ਹੈ ਕਿ ਜਿਹੜਾ ਜਿਹੜਾ ਮਨੁੱਖ ਉਸ ਤਰਸ-ਦੇ-ਸਮੁੰਦਰ ਪ੍ਰਭੂ ਦੀ ਸਰਨ ਪੈਂਦਾ ਹੈ, ਉਹਨਾਂ ਸਭਨਾਂ ਨੂੰ ਪਰਮਾਤਮਾ ਸੰਸਾਰ-ਸਮੁੰਦਰ ਤੋਂ ਪਾਰ ਲੰਘਾ ਲੈਂਦਾ ਹੈ।1। ਰਹਾਉ।

ਹੇ ਭਾਈ! (ਪਰਮਾਤਮਾ ਦੀ ਸਰਨ ਪੈ ਕੇ ਹੁਣ ਮੈਂ ਇਹ ਨਿਸ਼ਚਾ ਬਣਾ ਲਿਆ ਹੈ ਕਿ ਜਿਹੜਾ ਮਨੁੱਖ ਪਰਮਾਤਮਾ ਦੀ ਸਰਨ ਪੈਂਦਾ ਹੈ ਉਹ) ਆਤਮਕ ਆਨੰਦ ਵਿਚ ਲੀਨ ਰਹਿੰਦਾ ਹੈ ਅਤੇ ਆਤਮਕ ਅਡੋਲਤਾ ਵਿਚ ਟਿਕਿਆ ਰਹਿੰਦਾ ਹੈ, ਗੁਰੂ ਉਸ ਦੇ ਸਾਰੇ ਚਿੰਤਾ-ਫ਼ਿਕਰ ਦੂਰ ਕਰ ਦੇਂਦਾ ਹੈ। ਉਹ ਜੋ ਕੁਝ ਚਾਹੁੰਦਾ ਹੈ ਪ੍ਰਭੂ (ਉਹੀ ਕੁਝ ਉਸ ਵਾਸਤੇ) ਕਰ ਦੇਂਦਾ ਹੈ, ਉਹ ਮਨੁੱਖ ਮਨ-ਮੰਗੀਆਂ ਮੁਰਾਦਾਂ ਹਾਸਲ ਕਰ ਲੈਂਦਾ ਹੈ।1।

ਹੇ ਭਾਈ! (ਜਦੋਂ ਦਾ ਮੈਂ ਪਰਮਾਤਮਾ ਦੀ ਸਰਨ ਪਿਆ ਹਾਂ, ਤਦੋਂ ਤੋਂ ਹੁਣ) ਮੈਂ ਆਪਣੇ ਹਿਰਦੇ ਵਿਚ (ਪਰਮਾਤਮਾ ਦਾ ਨਾਮ) ਜਪਦਾ ਹਾਂ, ਅੱਖਾਂ ਵਿਚ ਉਸ ਦਾ ਧਿਆਨ ਧਰਦਾ ਹਾਂ, ਕੰਨਾਂ ਨਾਲ ਉਸ ਦੀ ਸਿਫ਼ਤਿ-ਸਾਲਾਹ ਸੁਣਦਾ ਹਾਂ, ਪੈਰਾਂ ਨਾਲ ਉਸ ਮਾਲਕ-ਪ੍ਰਭੂ ਦੇ ਰਸਤੇ ਤੇ ਤੁਰਦਾ ਹਾਂ, ਮੇਰੀ ਜੀਭ ਉਸ ਦੇ ਗੁਣ ਗਾਂਦੀ ਰਹਿੰਦੀ ਹੈ।2।

ਹੇ ਭਾਈ! ਜਦੋਂ ਤੋਂ ਸੰਤ-ਜਨਾਂ ਨੇ ਮੇਰੀ ਬ੍ਰਿਤੀ ਮਾਇਆ ਵਲੋਂ ਪਰਤਾ ਦਿੱਤੀ ਹੈ, ਮੈਂ ਆਪਣੀਆਂ ਅੱਖਾਂ ਨਾਲ ਉਸ

ਸਾਰੀਆਂ ਖ਼ੁਸ਼ੀਆਂ ਦੇ ਮਾਲਕ-ਹਰੀ ਨੂੰ ਵੇਖ ਲਿਆ ਹੈ। ਮੈਂ ਪਰਮਾਤਮਾ ਦਾ ਕੀਮਤੀ ਅਮੋਲਕ ਨਾਮ ਲੱਭ ਲਿਆ ਹੈ, ਉਸ ਨੂੰ ਛੱਡ ਕੇ (ਮੇਰਾ ਮਨ ਹੁਣ) ਹੋਰ ਕਿਸੇ ਭੀ ਪਾਸੇ ਨਹੀਂ ਜਾਂਦਾ।3।

ਹੇ ਭਾਈ! ਮੈਂ ਉਸ ਪਰਮਾਤਮਾ ਦੀ ਕਿਹੜੀ ਸਿਫ਼ਤਿ ਕਰਾਂ? ਕਿਹੜੀ ਵਡਿਆਈ ਦੱਸਾਂ? ਕਿਹੜੇ ਗੁਣ ਬਿਆਨ ਕਰਾਂ? ਜਿਸ ਕਰਕੇ ਉਹ ਮੇਰੇ ਉੱਤੇ ਪਸੰਨ ਹੋ ਜਾਏ। ਹੇ ਦਾਸ ਨਾਨਕ! ਦੀਨਾਂ ਉੱਤੇ ਦਇਆ ਕਰਨ ਵਾਲਾ ਪ੍ਰਭੂ ਆਪ ਹੀ ਜਿਸ ਉੱਤੇ ਦਇਆਵਾਨ ਹੁੰਦਾ ਹੈ, ਉਸ ਨੂੰ ਆਪਣੇ ਦਾਸਾਂ ਦਾ ਦਾਸ ਬਣਾ ਲੈਂਦਾ ਹੈ।4।8।